## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 8/101-08 ਅ-3 (4) (ਕੋ:ਸੈਲ(2))
ਮਿਤੀ, ਐਸ.ਏ.ਐਸ.ਨਗਰ :- 22-6-15

ਸ੍ਰੀਮਤੀ ਬਲਵਿੰਦਰ ਕੌਰ, ਸ ਸ ਮਿਸਟ੍ਰੈਸ, ਸ ਹ ਸ, ਲਹਿਰਾ ਰੋਹੀ ਹੁਣ ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ ਜੋ ਮਿਤੀ 01-07-2011 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਹੁਕਮ ਨੰ: ਇੰਫੋ-2/(209345)/2014/5779-81 ਮਿਤੀ 15-05-14 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਰੂਲਜ਼ 1970 ਦੀ ਧਾਰਾ 8 ਅਤੇ ਪੰਜਾਬ ਸਰਕਾਰ ਆਚਰਣ ਨਿਯਮ 1966 ਦੇ ਉਪਬੰਧਾਂ ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਦਫਤਰ ਦੇ ਹੁਕਮ ਨੰ: ਇੰਫੋ-2/(209352) 2014/9115-16 ਮਿਤੀ 14-07-14/ 21-07-14 ਰਾਹੀਂ ਸ਼੍ਰੀ ਜਗਸੀਰ ਸਿੰਘ, ਜਿ:ਸਿ:ਅ:(ਸੈਸਿ), ਫਿਰੋਜ਼ਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਨੰ: ਅ-5 ਸੈ.ਸਿ 2014/2172 ਮਿਤੀ 11-12-14 ਵਿੱਚ ਸ੍ਰੀਮਤੀ ਬਲਵਿੰਦਰ ਕੌਰ, ਸ ਸ ਮਿਸਟ੍ਰੈਸ, ਸ ਹ ਸ, ਲਹਿਰਾ ਰੋਹੀ ਹੁਣ ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ ਵਿਰੁੱਧ ਮਿਤੀ 01-07-2011 ਤੋਂ ਲਗਾਤਾਰ ਆਪਣੀ ਡਿਊਟੀ ਤੋਂ ਜਾਣਬੁਝ ਕੇ ਗੈਰਹਾਜ਼ਰ ਹੋਣ ਦਾ ਦੋਸ਼ ਸਿੱਧ ਕੀਤਾ ਗਿਆ।

ਡਾਇਰੈਕਟੋਰੇਟ ਵਲੋਂ ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ੍ਰੀਮਤੀ ਬਲਵਿੰਦਰ ਕੌਰ, ਸ ਸ ਮਿਸਟ੍ਰੈਸ, ਸ ਹ ਸ, ਲਹਿਰਾ ਰੋਹੀ ਹੁਣ ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 30-04-15 ਨੂੰ ਅਜੀਤ ਅਖਬਾਰ ਵਿਚ ਪਬਲਿਕ ਨੋਟਿਸ ਪ੍ਰਕਾਸ਼ਨ ਕਰਵਾਇਆ ਗਿਆ ਅਤੇ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਬਲਵਿੰਦਰ ਕੌਰ, ਸ ਸ ਮਿਸਟ੍ਰੈਸ, ਸ ਹ ਸ, ਲਹਿਰਾ ਰੋਹੀ ਹੁਣ ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ ਦੇ ਮਿਤੀ 01-07-2011 ਤੋਂ ਹੁਣ ਤੱਕ ਲਗਾਤਾਰ ਅਣ ਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 11240-43 ਮਿਤੀ, ਐਸ.ਏ.ਐਸ.ਨਗਰ : 23/6/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਫਿਰੋਜ਼ਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ 3. ਮੁੱਖ ਅਧਿਆਪਕ, ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ ਨੂੰ ਸਬੰਧਤ ਕਰਮਚਾਰਨ ਦੀ ਅਸਲ ਸੇਵਾਪੱਤਰੀ (ਨੱਥੀ) ਕਰਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।

4. ਸ੍ਰੀਮਤੀ ਬਲਵਿੰਦਰ ਕੌਰ, ਸ ਸ ਮਿਸਟ੍ਰੈਸ, ਸ.ਹ.ਸ ਕਸੋਆਣਾ, ਜ਼ਿਲ੍ਹਾ ਫਿਰੋਜ਼ਪੁਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ